ਨੰ. 15/27/2008-2ਪੀ.ਪੀ.1/ਪ.ਫ-1/ 145

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ-1 ਸਾਖਾ)

ਮਿਤੀ, ਚੰਡੀਗੜ੍ਹ 24-03-2022

ਸੇਵਾ ਵਿੱਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

**ਵਿਸ਼ਾ:-** **ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆਂ/ਕਰਚਾਰੀਆਂ ਦੀ ਸਾਲਾਨਾ ਏ.ਪੀ.ਏ.ਆਰਜ਼ ਦੇ ਪ੍ਰੋਫ਼ਾਰਮੇ ਵਿੱਚ ਕੁੱਝ ਸੋਧਾਂ ਕਰਨ ਉਪਰੰਤ ਰੀਵਾਇਜ਼ਡ ਪ੍ਰੋਫ਼ਾਰਮਾ ਜਾਰੀ ਕਰਨ ਸਬੰਧੀ।**

*******

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪਦਾ ਧਿਆਨ ਪੰਜਾਬ ਸਰਕਾਰ ਦੇ ਗਸ਼ਤੀ ਪੱਤਰ ਨੰ.15/27/2008-1.ਪੀ.ਪੀ.1/2ਪੀ.ਪੀ.1/1197851/1, ਮਿਤੀ 27.03.2018 ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਗਰੁੱਪ ਏ, ਬੀ, ਸੀ ਅਤੇ ਡੀ ਦੇ ਅਧਿਕਾਰੀਆਂ/ਕਰਮਚਾਰੀਆਂ ਲਈ ਰੀਵਾਈਜ਼ਡ ਪ੍ਰੋਫ਼ਾਰਮਾ ਜਾਰੀ ਕੀਤਾ ਗਿਆ ਸੀ। ਹੁਣ ਇਸ ਪ੍ਰੋਫ਼ਾਰਮੇ ਦੇ ਅਨੁਲੱਗ-1 ਦੇ ਭਾਗ-1 ਅਤੇ 3 ਵਿੱਚ ਅੰਸ਼ਿਕ ਸੋਧਾਂ ਕਰਦੇ ਹੋਏ, ਰੀਵਾਈਜ਼ਡ ਪ੍ਰੋਫ਼ਾਰਮਾ ਨਾਲ ਨੱਥੀ ਕਰਕੇ ਭੇਜਿਆ ਜਾਂਦਾ ਹੈ। ਹਵਾਲਾ ਅਧੀਨ ਪੱਤਰ ਮਿਤੀ 27.03.2018 ਦੇ ਪੈਰ੍ਹਾਂ-2 ਵਿੱਚ ਦਰਸਾਈਆਂ ਬਾਕੀ ਸ਼ਰਤਾਂ ਵੀ ਲਾਗੂ ਰਹਿਣਗੀਆਂ।

2. ਰੀਵਾਈਜ਼ਡ ਪ੍ਰੋਫ਼ਾਰਮਾ ਸਾਲ 2021-2022 ਤੋਂ ਲਾਗੂ ਹੋਵੇਗਾ। ਸਬੰਧਤਾਂ ਨੂੰ ਪਾਲਣਾ ਹਿੱਤ ਨੋਟ ਕਰਵਾ ਦਿੱਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਅਧਿਕਾਰੀ ਸਾਲ 2021-2022 ਦੀਆਂ ਏ.ਪੀ.ਏ.ਆਰ ਲਈ ਇਹ ਪ੍ਰੋਫ਼ਾਰਮਾ ਹੀ ਵਰਤੋਂ ਵਿੱਚ ਲਿਆਉਣ।

ਸੁਰਜੀਤ ਕੌਰ 24.3.2022
ਅਧੀਨ ਸਕੱਤਰ, ਪ੍ਰਸੋਨਲ ਵਿਭਾਗ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਰਜੀਤ ਕੌਰ 24.3.2022
ਅਧੀਨ ਸਕੱਤਰ, ਪ੍ਰਸੋਨਲ ਵਿਭਾਗ

ਸੇਵਾ ਵਿਖੇ

ਸਮੂਹ ਵਿਸ਼ੇਸ਼ ਮੁੱਖ ਸਕੱਤਰਜ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ:ਵਿ:ਪੰ: ਨੰ. 15/27/2008-2ਪੀ.ਪੀ.1/ਪ.ਫ-1/ 146 — ਮਿਤੀ, ਚੰਡੀਗੜ੍ਹ: 24-03-2022

ਅਨੁਲੱਗ-1

---------------------------------------ਵਿਭਾਗ, ਪੰਜਾਬ

# ਸੈਲਫ ਅਪ੍ਰੇਜਲ ਫਾਰਮ

--------------------------------------- ਵਿਭਾਗ ਦੇ ਗਰੁੱਪ ਏ,ਬੀ,ਅਤੇ ਸੀ ਦੇ ਅਧਿਕਾਰੀਆਂ/ ਕਰਮਚਾਰੀਆਂ ਦੀ ਸਲਾਨਾ ਕਾਰਗੁਜਾਰੀ ਮੁਲਾਂਕਣ ਰਿਪੋਰਟ ਲਈ ਸਮਾਂ/ਸਾਲ-------------------ਦੀ ਰਿਪੋਰਟ।

ਨਿੱਜੀ ਡਾਟਾ:

<u>ਭਾਗ-1</u>

| | | |
|---|---|---|
| 1. | ਅਧਿਕਾਰੀ/ਕਰਮਚਾਰੀ ਦਾ ਨਾਮ ਅਤੇ iHRMS code | |
| 2. | ਜਨਮ ਮਿਤੀ | ____________(ਸ਼ਬਦਾਂ ਵਿੱਚ)__________ |
| 3. | ਅਸਾਮੀ ਜਿਸ ਤੇ ਕੰਮ ਕਰਦਾ ਹੈ | |
| 4. | ਮੌਜੂਦਾ ਗ੍ਰੇਡ ਵਿੱਚ ਲਗਾਤਾਰ ਨਿਯੁਕਤੀ ਦੀ ਮਿਤੀ ਅਤੇ ਗਰੇਡ | |
| 5. | ਮੌਜੂਦਾ ਵਿਭਾਗ/ਸ਼ਾਖਾ ਦਾ ਨਾਮ ਅਤੇ ਤੈਨਾਤੀ ਦੀ ਮਿਤੀ | |
| 6. | ਸਾਲ ਦੌਰਾਨ ਡਿਊਟੀ ਤੋਂ ਗੈਰ-ਹਾਜਰ ਰਹਿਣ ਦਾ ਸਮਾਂ (ਟ੍ਰੇਨਿੰਗ ਆਦਿ ਦਾ ਸਮਾਂ ਵੀ ਸਪੱਸ਼ਟ ਕੀਤਾ ਜਾਵੇ) | |
| 7. | ਪ੍ਰਾਪਰਟੀ ਰਿਟਰਨ ਭਰਨ ਦੀ ਮਿਤੀ | |
| 8. | ੳ) ਕੀ ਅਧਿਕਾਰੀ/ਕਰਮਚਾਰੀ ਨੇ ਪੀ.ਆਰ ਵੀਜਾ/ਗਰੀਨ ਕਾਰਡ/ਇੰਮੀਗ੍ਰੇਸ਼ਨ ਸਟੇਟਸ ਪ੍ਰਾਪਤ ਕੀਤਾ ਹੋਇਆ ਹੈ? | |
| | ਅ) ਜੇਕਰ ਹਾਂ, ਤਾਂ ਅਧਿਕਾਰੀ/ਕਰਮਚਾਰੀ ਵੱਲੋਂ ਕਿਸ ਦੇਸ਼ ਦੀ ਪੀ.ਆਰ. ਵੀਜਾ/ਗਰੀਨ ਕਾਰਡ/ਇਮੀਗਰੇਸ਼ਨ ਸਟੇਟਸ ਪ੍ਰਾਪਤ ਕੀਤਾ ਹੋਇਆ ਹੈ ਅਤੇ ਕਿਸ ਮਿਤੀ ਨੂੰ। | |

ਤਸਦੀਕ ਕੀਤਾ ਜਾਂਦਾ ਹੈ ਕਿ ਉਪਰੋਕਤ ਦਿੱਤੀ ਸੂਚਨਾ ਸਹੀ/ਦਰੁਸਤ ਹੈ ਅਤੇ ਮੇਰੇ ਵੱਲੋਂ ਕੋਈ ਸੂਚਨਾ/ਤੱਥ ਲੁਕਾ ਛੁਪਾ ਕੇ ਨਹੀਂ ਰੱਖਿਆ ਗਿਆ ਹੈ। ਇਹ ਵੀ ਤਸਦੀਕ ਕੀਤਾ ਜਾਂਦਾ ਹੈ ਕਿ ਮੈਂ ਇਸ ਪ੍ਰੋਫਾਰਮੇ ਤੋਂ ਇਲਾਵਾ ਇਸ ਸਮੇਂ ਲਈ ਏ.ਪੀ.ਏ.ਆਰ ਦਾ ਹੋਰ ਪ੍ਰੋਫਾਰਮਾ ਨਹੀਂ ਭਰਿਆ ਹੈ।

ਹਸਤਾਖਰ

ਮਿਤੀ:

Name & designation of the officer reported upon:
Period of Report:

ਭਾਗ-2. (ਨਿੱਜੀ ਮੁਲਅੰਕਣ) ਉਸ ਅਧਿਕਾਰੀ ਵੱਲੋ ਭਰਿਆ ਜਾਵੇ, ਜਿਸ ਦੀ ਰਿਪੋਰਟ ਲਿਖੀ ਜਾ ਰਹੀ ਹੈ:-

| | | |
|---|---|---|
| 1 | ਡਿਊਟੀ ਦਾ ਸੰਖੇਪ ਵਿਵਰਣ: | |
| 2(a) | ਵਿਭਾਗ ਵੱਲੋਂ ਨਿਰਧਾਰਤ ਕੀਤੇ ਟੀਚੇ | |
| 2(b) | ਵਿਭਾਗ ਵੱਲੋਂ ਨਿਰਧਾਰਤ ਟੀਚਿਆਂ ਦੀ ਪ੍ਰਾਪਤੀ : | |
| 3 | ਡਿਊਟੀ ਨਿਭਾਉਣ ਅਤੇ ਟੀਚਿਆਂ ਦੀ ਪ੍ਰਾਪਤੀ ਵਿੱਚ ਆਈਆਂ ਔਕੜਾਂ, ਜੇਕਰ ਕੋਈ ਹੋਣ ਤਾਂ | |
| 4 | ਨਵੇ ਉਪਰਾਲੇ/ਉਦੱਮ | |
| 5 | ਕੀ ਗਿਆਨ ਵਿੱਚ ਵਾਧੇ ਜਾਂ ਹੁਨਰ ਵਿੱਚ ਨਿਖਾਰ ਲਿਆਉਣ ਲਈ ਕੋਈਂ ਟ੍ਰੇਨਿੰਗ ਲਈ ਗਈ ਹੈ? ਜੇ ਹਾਂ ਤਾਂ ਵੇਰਵੇ: | |

ਸਥਾਨ
ਮਿਤੀ:

ਹਸਤਾਖਰ
(ਅਧਿਕਾਰੀ ਜਿਸ ਦੀ ਰਿਪੋਰਟ ਲਿਖੀ ਜਾਣੀ ਹੈ)
ਮਿਤੀ:

Name & designation of the officer reported upo

Period of Reoprt:

(ਰਿਪੋਰਟ ਲਿਖਣ ਤੋਂ ਪਹਿਲਾਂ ਦਿਸ਼ਾ ਨਿਰਦੇਸ਼ ਧਿਆਨ ਨਾਲ ਪੜ੍ਹ ਲਏ ਜਾਣ)

**ਭਾਗ-3** (ਰਿਪੋਰਟ ਲਿਖਣ ਅਤੇ ਰੀਵਿਊ ਕਰਤਾ ਵਾਲੇ ਅਧਿਕਾਰੀ ਵੱਲੋਂ ਮੁਲਅੰਕਣ)

ਰਿਪੋਰਟ ਕਰਤਾ ਅਧਿਕਾਰੀ ਵੱਲੋਂ ਹਰ ਇੱਕ ਨੁਕਤੇ ਦੀ ਦਰਜਾਬੰਦੀ (grading)ਉਤਮ/ਬਹੁਤ ਅੱਛਾ/ਅੱਛਾ/ਔਸਤ ਦਿੱਤੀ ਜਾਵੇ:-

ਅਧਿਕਾਰੀ/ਕਰਮਚਾਰੀ ਦੇ ਵਿਅਕਤੀਗਤ ਗੁਣ/ਵਿਸ਼ੇਸ਼ਤਾਂਵਾਂ ਅਤੇ ਕੀਤੇ ਕੰਮ ਦਾ ਮੁਲਅੰਕਣ:

| | | ਵੱਧ ਤੋਂ ਵੱਧ ਅੰਕਿਕ ਗ੍ਰੇਡਿੰਗ (Numerical grading) | ਰਿਪੋਰਟ ਕਰਤਾ ਅਧਿਕਾਰੀ ਵੱਲੋਂ ਅੰਕਿਕ ਗਰੇਡਿੰਗ | ਰਿਪੋਰਟ ਕਰਤਾ ਅਧਿਕਾਰੀ ਦੇ ਹਸਤਾਖਰ | ਰੀਵਿਊਕਰਤਾ ਅਧਿਕਾਰੀ ਵੱਲੋਂ ਦਿੱਤੀ ਸੋਧੀ ਗਰੇਡਿੰਗ ਜੇਕਰ ਉਹ ਰਿਪੋਰਟਕਰਤਾ ਨਾਲ ਸਹਿਮਤ ਨਹੀਂ ਹੈ। | ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ |
|---|---|---|---|---|---|---|
| | 1 | 2 | 3 | 4 | 5 | 6 |
| 1. | ਕੰਮ ਪ੍ਰਤੀ ਵਤੀਰਾ, ਜਿੰਮੇਵਾਰੀ ਦੀ ਭਾਵਨਾ ਅਤੇ ਸਮੇਂ ਸਿਰ ਕੰਮ ਨਿਪਟਾਉਣ ਦੀ ਸਮਰਥਾ (Attitude towards work, sense of responsibility and ability to dispose work within prescribed time ) | 0-15 | | - | | |
| 2. | ਸਿੱਖਣ ਦੀ ਭਾਵਨਾ (keenness to learn) | 0-10 | | | | |
| 3. | ਕੰਮ ਦੀ ਗੁਣਵੰਤਾ, ਨਿਪੁੰਨਤਾ ਅਤੇ ਕੰਮ ਦੇ ਖੇਤਰ ਵਿੱਚ ਰੂਲਾਂ/ਨਿਯਮਾਂ /ਕੰਮ ਦੇ ਤਰੀਕੇ ਦੀ ਜਾਣਕਾਰੀ ਅਤੇ ਉਨ੍ਹਾਂ ਦੀ ਸਹੀ ਵਰਤੋਂ ਸਬੰਧੀ | 0-10 | | | | |

| | | | | | | |
|---|---|---|---|---|---|---|
| | ਗਿਆਨ (Quality of work, efficiency and Knowledge of rules/ regulations procedures relating to work and proper application thereof) | | | | | |
| 4. | ਅਨੁਸ਼ਾਸਨ ਰੱਖਣਾ (maintenance of discipline) | 0-5 | | | | |
| 5. | ਮੁਲੰਕਣ ਤੇ ਵਿਸ਼ਲੇਸ਼ਣ ਕਰਨ ਦੀ ਸਮਰਥਾ (Abillity to examine & analyse issues) | 0-8 | | | | |
| 6. | ਕੰਪਿਊਟਰ ਤੇ ਕੰਮ ਕਰਨ ਦੀ ਪ੍ਰਵੀਨਤਾ (Proficiency in computer skills) | 0-6 | | | | |
| 7. | ਪੰਜਾਬੀ ਵਿੱਚ ਕੰਮ ਕਰਨ ਦੀ ਸਮਰਥਾ (Ability to work in Punjabi ) | 0-6 | | | | |
| 10. | ਟੀਮ ਦੇ ਤੌਰ ਤੇ ਕੰਮ ਕਰਨ ਦੀ ਸਮਰੱਥਾ ਅਤੇ ਅੰਦਰੂਨੀ ਆਪਸੀ ਸਬੰਧ (ability to work as a team and inter-personal relations) | 0-5 | | | | |
| 11. | ਅਲਾਟ ਕੀਤੇ ਗਏ ਕੰਮ/ਟੀਚਿਆਂ ਦੀ ਪ੍ਰਾਪਤੀ(Achievement of Targets/tasks allotted) | 20 | | | | |
| 12. | ਤੈਨਾਤੀ ਦੇ ਸਥਾਨ ਤੋਂ ਬਾਹਰ ਦੇ ਹੋਰ ਸਰਕਾਰੀ ਕੰਮ ਜਿਵੇਂ ਕਿ ਕੋਰਟ ਕੇਸ, ਖੇਤਰੀ ਦਫਤਰਾਂ ਦਾ ਦੌਰਾ, | 10 | | | | |

| | | | | | | |
|---|---|---|---|---|---|---|
| | ਅੰਕੜੇ ਇਕੱਤਰ ਕਰਨਾ ਆਦਿ ਸਬੰਧੀ ਯੋਗਦਾਨ (Contribution in disposal of other Government duties outside the place of posting like court cases, visit to field offices or collection of data etc.) | | | | | |
| 13. | ਰਿਕਾਰਡ ਦੀ ਸਾਂਭ (Maintenance of record) | 5 | | | | |
| | ਕੁੱਲ ਜੋੜ | 100 | | | | |

ਨੋਟ: ਏ.ਪੀ.ਏ.ਆਰ ਦੇ ਪ੍ਰੋਫਾਰਮੇ ਵਿੱਚ ਹੇਠ ਲਿਖੇ ਅਨੁਸਾਰ ਪ੍ਰਤੀਸ਼ੱਤਤਾ ਦੇ ਅਧਾਰ ਤੇ ਦਰਜਾਬੰਦੀ ਕੀਤੀ ਜਾਵੇ:-

| ਅੰਕਿਕ ਗਰੇਡਿੰਗ | ਦਰਜਾਬੰਦੀ |
|---|---|
| 81-100% | ਉੱਤਮ |
| 61-80% | ਬਹੁਤ ਅੱਛਾ |
| 51-60% | ਅੱਛਾ |
| 31-50% | ਔਸਤ |
| 30% ਜਾਂ ਘੱਟ | ਔਸਤ ਤੋਂ ਘੱਟ |

Name & designation of the officer reported upon:
Period of Report:

## ਭਾਗ-4 ਆਮ (General )

1. ਆਮ ਜਨਤਾ ਨਾਲ ਸੰਪਰਕ (ਜਿੱਥੇ ਕਿਤੇ ਲਾਗੂ ਹੋਵੇ) (ਕ੍ਰਿਪਾ ਕਰਕੇ ਆਮ ਜਨਤਾ ਦੀ ਅਧਿਕਾਰੀ ਤੱਕ ਪਹੁੰਚ (accessibility) ਦੀ ਅਤੇ ਉਨ੍ਹਾਂ ਦੀ ਲੋੜਾਂ ਪ੍ਰਤੀ ਸੰਵਦੇਨਸ਼ੀਲਤਾ ਬਾਰੇ ਟਿੱਪਣੀ ਦਿੱਤੀ ਜਾਵੇ)

2. ਕਮਜ਼ੋਰ ਵਰਗਾਂ ਪ੍ਰਤੀ ਵਤੀਰੇ ਬਾਰੇ ਟਿੱਪਣੀ:

3. ਟ੍ਰੇਨਿੰਗ (ਅਧਿਕਾਰੀ ਦੇ ਭਵਿੱਖ ਵਿੱਚ ਕੰਮ ਕਾਜ ਨੂੰ ਧਿਆਨ ਵਿੱਚ ਰੱਖਦੇ ਹੋਏ ਉਸ ਦੇ ਕੰਮ ਕਰਨ ਦੀ ਸਮਰੱਥਾ ਵਿੱਚ ਸੁਧਾਰ ਲਿਆਉਣ ਲਈ ਟ੍ਰੇਨਿੰਗ ਦੀ ਸਿਫਾਰਸ਼ ਕੀਤੀ ਜਾਵੇ।)

4. ਸਿਹਤ ਦੀ ਸਥਿਤੀ:

5. ਦਿਆਨਤਦਾਰੀ (Integrity) ਬਾਰੇ ਟਿੱਪਣੀ :-

6. ਰਿਪੋਰਟ ਕਰਤਾ ਅਧਿਕਾਰੀ ਵੱਲੋਂ ਕਰਮਚਾਰੀ/ਅਧਿਕਾਰੀ ਦੀ ਸਮਰੱਥਾ ਅਤੇ ਅਸਮਰੱਥਤਾ,ਟੀਚਿਆਂ ਦੀ ਪ੍ਰਾਪਤੀ, ਅਸਾਧਾਰਨ ਪ੍ਰਾਪਤੀਆਂ, ਮਹੱਤਵਪੂਰਨ ਅਸਫਲਤਾਵਾਂ 100 (ਸੌ) ਸਬੰਧੀ ਸ਼ਬਦਾਂ ਵਿੱਚ ਵਰਨਣ ਕੀਤਾ ਜਾਵੇ।

ਨੋਟ:-ਇਸ ਭਾਗ-4 ਵਿੱਚ ਦਿੱਤੇ ਕਥਨਾਂ ਵਿੱਚ ਕੀ ਪ੍ਰਤੀਕੂਲ ਕਥਨ ਹਨ ਜਾਂ ਨਹੀ? (ਇਹ ਕਾਲਮ ਟਿੱਕ ਕਰਨਾ ਲਾਜ਼ਮੀ ਹੈ) Tick ( ✔ ) ਕੀਤਾ ਜਾਵੇ।

ਹਾਂ ਜਾਂ ਨਹੀਂ

Name & designation of the officer reported upon:

Period of Report:

6.ਭਾਗ-3 ਵਿੱਚੋਂ ਪ੍ਰਾਪਤ ਕੀਤੇ ਕੁੱਲ ਅੰਕ: | 100 | |

7. ਦਿੱਤੀ ਜਾਣ ਵਾਲੀ ਦਰਜਾਬੰਦੀ:-

ਸਥਾਨ:

ਮਿਤੀ:

ਰਿਪੋਰਟ ਲਿਖਣ ਵਾਲੇ ਅਧਿਕਾਰੀ ਦੇ ਹਸਤਾਖਰ

ਨਾਂ.......................................................

ਰਿਪੋਰਟ ਅਧੀਨ ਸਮੇਂ ਦੌਰਾਨ

ਅਹੁੱਦਾ.................................................

| Name & designation of the officer reported upon: | |
|---|---|
| Period of Report: | |

## ਭਾਗ-5

### ਰੀਵਿਊ ਕਰਤਾ ਅਧਿਕਾਰੀ ਦੇ ਕਥਨ:-

1. ਰੀਵਿਊ ਕਰਤਾ ਅਧਿਕਾਰੀ ਅਧੀਨ ਕੀਤੇ ਕੰਮ ਦਾ ਸਮਾਂ:

2. ਕੀ ਤੁਸੀ ਰਿਪੋਰਟ ਕਰਤਾ ਅਧਿਕਾਰੀ ਵੱਲੋਂ ਭਾਗ-3 ਵਿੱਚ ਕੀਤੇ ਮੁਲੰਕਣ ਨਾਲ ਸਹਿਮਤ ਹੋ? ਜੇਕਰ ਨਹੀਂ ਤਾਂ ਭਾਗ-3 ਵਿੱਚ ਉਪਲੱਬਧ ਕਾਲਮ ਵਿੱਚ ਆਪਣਾ ਮੁਲੰਕਣ ਦਰਜ ਕੀਤਾ ਜਾਵੇ।

3. ਕੀ ਤੁਸੀ ਰਿਪੋਰਟ ਕਰਤਾ ਅਧਿਕਾਰੀ ਵੱਲੋਂ ਭਾਗ-4 ਵਿੱਚ ਕੀਤੇ ਵਿੱਚ ਦਰਜ ਕੀਤੇ ਕਥਨਾਂ ਨਾਲ ਸਹਿਮਤ ਹੋ? ਜੇਕਰ ਨਹੀਂ ਤਾਂ ਅਸਹਿਮਤੀ ਦੇ ਕਾਰਨ ਵੀ ਦੱਸੇ ਜਾਣ?

4. ਰੀਵਿਊ ਕਰਤਾ ਅਧਿਕਾਰੀ ਦੇ ਕਥਨ (ਕ੍ਰਿਪਾ ਕਰਕੇ ਅਧਿਕਾਰੀ ਦੇ ਸਮੁੱਚੇ ਗੁਣਾਂ, ਸਮੇਤ ਸਮਰੱਥਤਾਵਾ, ਅਸਮਰਥਤਾਵਾਂ ਅਤੇ ਟੀਚਿਆਂ ਦੀ ਪ੍ਰਾਪਤੀਆਂ ਬਾਰੇ ਲੱਗਭਗ 100 ਸ਼ਬਦਾ ਵਿੱਚ ਵਰਨਣ ਕੀਤਾ ਜਾਵੇ।

| 5. ਦਿੱਤੀ ਜਾਣ ਵਾਲੀ ਦਰਜਾਬੰਦੀ:- | |
|---|---|

ਸਥਾਨ:

ਮਿਤੀ:

ਰੀਵਿਊ ਕਰਤਾ ਅਧਿਕਾਰੀ ਦੇ ਹਸਤਾਖਰ

ਨਾਂ.......................................................

ਰਿਪੋਰਟ ਅਧੀਨ ਸਮੇਂ ਦੋਰਾਨ

ਅਹੁੱਦਾ...........................................

Name & designation of the officer reported upon:

Period of Report:

## ਭਾਗ-6

## ਪ੍ਰਵਾਨਕਰਤਾ ਅਧਿਕਾਰੀ ਵੱਲੋ ਰਿਪੋਰਟ

1. ਕੀ ਪ੍ਰਵਾਨ ਕਰਤਾ ਅਧਿਕਾਰੀ ਰਿਵਿਊ ਕਰਤਾ ਅਧਿਕਾਰੀ ਵੱਲੋ ਦਿੱਤੀ ਗਰੇਡਿੰਗ ਨਾਲ ਸਹਿਮਤ ਹਨ। ਜੇਕਰ ਨਹੀਂ ਤਾਂ ਸੋਧੀ ਗਰੇਡਿੰਗ ਦੱਸੀ ਜਾਵੇ।

ਅਸਹਿਮਤੀ ਦੇ ਕਾਰਨ ਵੀ ਦੱਸੇ ਜਾਣ:-

2. ਕੀ ਕੋਈ ਐਡਵਰਸ ਰਿਮਾਰਕਸ ਅਧਿਕਾਰੀ ਨੂੰ ਕੰਨਵੇ ਕਰਨੇ ਲੋੜੀਂਦੇ ਹਨ? ਜੇ ਹਾਂ ਤਾਂ ਇਸ ਦਾ ਸੰਖੇਪ ਸਾਰ ਦਿੱਤਾ ਜਾਵੇ।

3. ਦਿੱਤੀ ਜਾਣ ਵਾਲੀ (final ) ਅੰਤਮ ਦਰਜਾਬੰਦੀ:-

ਸਥਾਨ:
ਮਿਤੀ:

ਪ੍ਰਵਾਨ ਕਰਤਾ ਅਧਿਕਾਰੀ ਦੇ ਹਸਤਾਖਰ
ਨਾਂ.......................................................
ਰਿਪੋਰਟ ਅਧੀਨ ਸਮੇਂ ਦੌਰਾਨ
ਅਹੁੱਦਾ.............................................

ਅਨੁਲੱਗ-2

## ਗੁਪਤ ਰਿਪਰੋਟ ਦਾ ਫਾਰਮ

( ਪੰਜਾਬ ਸਰਕਾਰ ਦੇ ਗਰੁੱਪ-ਡੀ ਕਰਮਚਾਰੀਆਂ ਲਈ )

### ਭਾਗ-1

1. ਕਰਮਚਾਰੀ ਦਾ ਨਾਮ :

2. ਪਿਤਾ ਦਾ ਨਾਮ :

3. ਅਹੁੱਦਾ :

4. ਰਿਪੋਰਟ ਅਧੀਨ ਸਮਾਂ :

5.(ੳ) ਕੀ ਕਰਮਚਾਰੀ ਨੇ ਪੀ.ਆਰ ਵੀਜਾ/ਗਰੀਨ ਕਾਰਡ/ਇੰਮੀਗੇਸ਼ਨ ਸਟੇਟਸ ਪ੍ਰਾਪਤ ਕੀਤਾ ਹੋਇਆ ਹੈ ? :

(ਅ) ਜੇਕਰ ਹਾਂ ਤਾਂ ਅਧਿਕਾਰੀ/ਕਰਮਚਾਰੀ ਵੱਲੋ ਕਿਸ ਦੇਸ਼ ਦੀ ਪੀ.ਆਰ ਵੀਜਾ/ਗਰੀਨ ਕਾਰਡ/ ਇਮੀਗੇਸ਼ਨ ਸਟੇਟਸ ਪ੍ਰਾਪਤ ਕੀਤਾ ਹੋਇਆ ਹੈ ਅਤੇ ਕਿਸ ਮਿਤੀ ਨੂੰ।

ਤਸਦੀਕ ਕੀਤਾ ਜਾਂਦਾ ਹੈ ਕਿ ਲੜੀ ਨੰ:5 ਵਿੱਚ ਦਿੱਤੀ ਸੂਚਨਾ ਸਹੀ/ਦੁਰਸਤ ਹੈ ਅਤੇ ਮੇਰੇ ਵੱਲੋਂ ਕੋਈ ਸੂਚਨਾ/ਤੱਥ ਲੁਕਾ ਛੁਪਾ ਕੇ ਨਹੀਂ ਰੱਖਿਆ ਗਿਆ ਹੈ।

ਹਸਤਾਖਰ
(ਕਰਮਚਾਰੀ ਜਿਸ ਦੀ ਰਿਪੋਰਟ ਲਿਖੀ ਜਾਣੀ ਹੈ)

### ਭਾਗ-2

1. ਰਿਪੋਰਟ ਲਿਖਣ ਵਾਲੇ ਅਧਿਕਾਰੀ ਦਾ ਨਾਮ ਅਤੇ ਅਹੁੱਦਾ :

2. ਆਮ ਅਨੁਮਾਨ (ਇਸ ਵਿੱਚ ਸਬੰਧਤ ਕਰਮਚਾਰੀ ਦੇ ਕੰਮਕ, ਚਾਲ ਚਲਣ ਸਬੰਧੀ ਸਮੁੱਚਾ ਅਨੁਮਾਨ ਸ਼ਾਮਿਲ ਹੋਵੇ। ਖਾਸ ਤੌਰ ਤੇ ਇਸ ਵਿੱਚ ਕਰਮਚਾਰੀ ਦੀ ਇਮਾਨਦਾਰੀ ਲਈ ਦਫ਼ਤਰ ਵਿੱਚ ਸਮੇਂ ਦੀ ਪਾਬੰਦੀ, ਅਨੁਸਾਸ਼ਨ ਪ੍ਰਤੀ ਜਿੰਮੇਵਾਰੀ ਅਤੇ ਸੀਨੀਅਰ ਅਧਿਕਾਰੀਆਂ ਪ੍ਰਤੀ ਆਗਿਆਕਾਰਤਾ ਦਾ ਵੇਰਵਾ ਹੋਵੇ) :

3. ਖਾਮੀਆਂ ਜੇ ਕੋਈ ਹੋਣ :

4. ਤਰੱਕੀ ਲਈ ਯੋਗਤਾ :

5. ਕੀ ਕਰਮਚਾਰੀ ਪੰਜਾਬੀ ਭਾਸ਼ਾ ਦਾ ਗਿਆਨ ਰੱਖਦਾ ਹੈ?

6. ਦਰਜਾਬੰਦੀ (ਉੱਤਮ/ ਬਹੁਤ ਚੰਗਾ/ ਚੰਗਾ/ਔਸਤ/ ਔਸਤ ਤੋਂ ਘੱਟ): :

..........................................................
ਰਿਪੋਰਟ ਲਿਖਣ ਵਾਲੇ ਅਧਿਕਾਰੀ ਦੇ ਹਸਤਾਖਰ
ਨਾਮ..................................................
ਅਹੁੱਦਾ..............................................

## ਹਦਾਇਤਾਂ

1. ਸਲਾਨਾ ਪ੍ਰਗਤੀ ਪ੍ਰੀਖਣ ਰਿਪੋਰਟ ਇੱਕ ਅਹਿਮ ਦਸਤਾਵੇਜ਼ ਹੈ। ਇਹ ਅਧਿਕਾਰੀ ਦੇ ਕੰਮ ਕਾਜ ਦਾ ਮੁਲੰਕਣ ਕਰਨ ਅਤੇ ਕੈਰੀਅਰ ਦੀ ਅਗਲੇਰੀ ਪਦ-ਉੱਨਤੀ ਲਈ ਇੱਕ ਅਹਿਮ ਜਾਣਕਾਰੀ ਮੁਹੱਈਆ ਕਰਵਾਉਂਦਾ ਹੈ, ਇਸ ਲਈ ਜਿਸ ਕਰਮਚਾਰੀ/ਅਧਿਕਾਰੀ ਦੀ ਰਿਪੋਰਟ ਲਿਖੀ ਜਾ ਰਹੀ ਹੈ, ਰਿਪੋਰਟ ਕਰਤਾ ਅਧਿਕਾਰੀ ਦੀ ਰਿਪੋਰਟ ਲਿਖੀ ਜਾ ਰਹੀ ਹੈ, ਰਿਪੋਰਟ ਕਰਤਾ ਅਧਿਕਾਰੀ ਅਤੇ ਰੀਵਿਊ ਕਰਤਾ ਅਧਿਕਾਰੀ ਨੂੰ ਬਹੁਤ ਜ਼ਿੰਮੇਵਾਰੀ ਨਾਲ ਇਸ ਫਾਰਮ ਨੂੰ ਭਰਨ ਵਿੱਚ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ।

2. ਰਿਪੋਰਟ ਕਰਤਾ ਅਧਿਕਾਰੀ ਨੂੰ ਇਹ ਮਹਿਸੂਸ ਕਰਨਾ ਚਾਹੀਦਾ ਹੈ ਕਿ ਇਸ ਦਾ ਉਦੇਸ਼ ਅਧਿਕਾਰੀ ਦਾ ਵਿਕਾਸ ਕਰਨਾ ਹੈ, ਤਾਂ ਜੋ ਉਹ ਆਪਣੀ ਸਮਰੱਥਤਾ ਨੂੰ ਪਹਿਚਾਣ ਸਕੇ। ਇਹ ਖਾਮੀਆਂ ਲੱਭਣ ਵਾਲੀ ਕਾਰਵਾਈ ਨਹੀਂ ਹੈ ਬਲਕਿ ਇੱਕ ਵਿਕਾਸ ਕਰਨ ਵਾਲੀ ਪ੍ਰੀਕ੍ਰਿਆ ਹੈ। ਰਿਪੋਰਟ ਲਿਖਣ ਵਾਲੇ ਅਧਿਕਾਰੀ ਅਤੇ ਰੀਵਿਊ ਕਰਤਾ ਅਧਿਕਾਰੀ ਵੱਲੋਂ, ਉਸ ਅਧਿਕਾਰੀ, ਜਿਸ ਦੀ ਰਿਪੋਰਟ ਲਿਖੀ ਜਾਣੀ ਹੈ, ਦੇ ਕੰਮ ਪ੍ਰਤੀ ਕਮੀਆਂ, ਵਤੀਰਾ ਜਾਂ ਉਸ ਦਾ ਸਮੁੱਚਾ ਵਿਅਕਤੀਤਵ (personality) ਬਾਰੇ ਰਿਪੋਰਟ ਕੀਤੀ ਜਾਣੀ ਹੈ।

3. ਇਹ ਭਾਗ ਪੂਰਾ ਧਿਆਨ (care & attention) ਅਤੇ ਸਮਾਂ (adequate time) ਦੇ ਕੇ ਭਰੇ ਜਾਣੇ ਚਾਹੀਦੇ ਹਨ। ਰਿਪੋਰਟ ਨੂੰ ਸਧਾਰਨ ਤੌਰ ਤੇ ਜਾਂ ਬਾਹਰੀ ਤੌਰ ਤੇ (casual or superficial manner) ਭਰੇ ਜਾਣ ਦੀ ਕੋਸ਼ਿਸ਼ ਦਾ ਉੱਚ ਅਧਿਕਾਰੀਆਂ ਨੂੰ ਸਪੱਸ਼ਟ ਤੌਰ ਤੇ ਪਤਾ ਚਲ ਜਾਂਦਾ ਹੈ।

4. ਰੀਵਿਊ ਕਰਤਾ ਅਧਿਕਾਰੀ ਵੱਲੋਂ ਦਿੱਤੀ ਸੋਧੀ ਗ੍ਰੇਡਿੰਗ ਜੇਕਰ ਉਹ ਰਿਪੋਰਟ ਕਰਤਾ ਅਧਿਕਾਰੀ ਨਾਲ ਸਹਿਮਤ ਨਹੀਂ ਹੈ ਤਾਂ ਰੀਵਿਊ ਕਰਤਾ ਅਧਿਕਾਰੀ ਵੱਲੋਂ ਸੋਧੀ ਗ੍ਰੇਡਿੰਗ ਕਰ ਸਕਣਗੇ।

5. ਹਰ ਇੱਕ ਉੱਤਰ ਸੰਖੇਪ ਰੂਪ ਵਿੱਚ ਦਿੱਤਾ ਜਾਵੇ ; ਕੇਵਲ ਉਸ ਨੂੰ ਛੱਡ ਕੇ ਜਿੱਥੇ ਅੰਕਿਕ ਗ੍ਰੇਡਿੰਗ (numerical grading) ਦਿੱਤੀ ਜਾਣੀ ਹੈ। ਦੱਸਿਆ ਗਿਆ ਸਥਾਨ ਉੱਤਰ ਦੀ ਲੰਬਾਈ ਦਰਸਾਉਂਦਾ ਹੈ। ਸ਼ਬਦਾਂ ਅਤੇ ਪਦਬੰਦੀ (phrases) ਨੂੰ ਧਿਆਨ ਨਾਲ ਚੁਣਿਆ ਜਾਵੇ ਅਤੇ ਉੱਤਰ ਰਿਕਾਰਡ ਕਰਨ ਵਾਲੇ ਅਧਿਕਾਰੀ ਦੇ ਇਰਾਦੇ ਨੂੰ ਸਹੀ ਢੰਗ ਨਾਲ ਦਰਸਾਉਂਦਾ ਹੋਵੇ ਸਪੱਸ਼ਟ ਅਤੇ ਸਧਾਰਣ ਭਾਸ਼ਾ ਦਾ ਪ੍ਰਯੋਗ ਕੀਤਾ ਜਾਵੇ।

6. ਰਿਪੋਰਟ ਲਿਖਣ ਵਾਲਾ ਅਧਿਕਾਰੀ ਉਸ ਅਧਿਕਾਰੀ ਜਿਸ ਦੀ ਰਿਪੋਰਟ ਲਿਖੀ ਜਾਣੀ ਹੋਵੇ, ਦਾ ਸਾਲ ਦੇ ਸ਼ੁਰੂ ਵਿੱਚ ਸਾਲ ਦੇ ਪੂਰੇ ਕਰਨ ਵਾਲੇ ਟੀਚੇ ਦੇਵੇਗਾ। ਜੇਕਰ ਕੋਈ ਅਧਿਕਾਰੀ ਰਿਪੋਰਟ ਅਧੀਨ ਸਾਲ ਦੇ ਲਈ ਨਵਾਂ ਪਦ ਸੰਭਾਲਦਾ ਹੈ ਤਾਂ ਇਸ ਤਰ੍ਹਾਂ ਦੇ ਟੀਚੇ ਨਵੇਂ ਪਦ ਸੰਭਾਲਣ ਦੇ ਸਮੇਂ ਨਿਸ਼ਚਿਤ ਕੀਤੇ ਜਾਣਗੇ। ਕੰਮ/ਟੀਚੇ ਦੋਵੇਂ, ਸਬੰਧਤ ਅਧਿਕਾਰੀਆਂ ਨੂੰ ਸਪੱਸ਼ਟ ਰੂਪ ਵਿੱਚ ਜਾਣੇ ਅਤੇ ਸਮਝੇ ਜਾਣੇ ਹੋਣਗੇ।

7. ਭਾਵੇਂ ਪ੍ਰਗਤੀ ਨਿਰੀਖਣ ਇੱਕ ਸਾਲਾਨਾ ਅਭਿਆਸ ਹੈ, ਇਹ ਮਾਨਵ ਸੰਸਾਧਨ ਵਿਕਾਸ (human resources development) ਦਾ ਸਾਧਨ (tool) ਬਣਾ ਸਕਦਾ ਹੈ। ਇਸ ਲਈ ਰਿਪੋਰਟ ਲਿਖਣ ਵਾਲੇ ਅਧਿਕਾਰੀ ਨੂੰ ਨਿਯਮਤ ਸਮੇਂ ਦੌਰਾਨ (regular intervals review) ਕੰਮ ਦਾ ਮੁਲੰਕਣ ਕਰਨਾ ਚਾਹੀਦਾ ਹੈ ਅਤੇ ਸਲਾਹ ਆਦਿ ਨਾਲ ਇਸ ਨੂੰ ਸੁਧਾਰਨ ਦੇ ਕਦਮ ਉਠਾਉਣੇ ਚਾਹੀਦੇ ਹਨ।

8. ਹਰ ਇੱਕ ਮੁਲੰਕਣ ਕਰਤਾ (each appraiser) ਦੀ ਇਹ ਕੋਸ਼ਿਸ਼ ਹੋਣੀ ਚਾਹੀਦੀ ਹੈ ਕਿ ਮੁਲਕੰਣ ਕਰਨ ਵਾਲੇ ਅਧਿਕਾਰੀ ਦੀ ਕਾਰਜਕੁਸ਼ਲਤਾ, ਆਚਰਣ, ਵਿਵਹਾਰ ਅਤੇ ਯੋਗਤਾ (performance, conduct, behavior and potential) ਦੀ ਅਸਲ ਤਸਵੀਰ ਪੇਸ਼ ਕਰੇ।

9. ਇਹ ਮੁਲੰਕਣ, ਮੁਲੰਕਣ ਕਰਨ ਵਾਲੇ ਅਧਿਕਾਰੀ ਦੀ ਕਾਰਜਕੁਸ਼ਲਤਾ ਦੇ ਬਾਰੇ ਰਿਪੋਰਟ ਅਧੀਨ ਸਮੇਂ ਤੱਕ ਹੀ ਸੀਮਿਤ ਰਹਿਣਾ ਚਾਹੀਦਾ ਹੈ।

10. ਇੱਕੋ ਕਾਡਰ ਵਿੱਚ ਬਰਾਬਰ ਦੇ ਰੈਂਕ ਦੀਆਂ ਕੁੱਝ ਆਸਾਮੀਆਂ ਜ਼ਿਆਦਾ ਮਿਹਨਤਕਸ਼ ਹੁੰਦੀਆਂ ਹਨ। ਰਿਪੋਰਟ ਕਰਤਾ/ਰੀਵਿਊ ਕਰਤਾ ਅਧਿਕਾਰੀ ਨੂੰ ਇਸ ਗੱਲ ਦਾ ਰਿਪੋਰਟ ਲਿਖਣ ਸਮੇਂ ਉਚੇਚਾ ਧਿਆਨ ਰੱਖਣਾ ਹੁੰਦਾ ਹੈ ਅਤੇ ਲੋੜ ਅਨੁਸਾਰ ਉਸ ਦੀ ਟਿੱਪਣੀ ਰਿਪੋਰਟ ਵਿੱਚ ਕਰਨੀ ਲੋੜੀਂਦੀ ਹੈ।

<u>ਦਿਆਨਤਦਾਰੀ ਬਾਰੇ ਰਿਪੋਰਟ ਦੇਣ ਸਮੇਂ ਧਿਆਨ ਰੱਖਣ ਬਾਰੇ :-</u>

ੳ) ਜੇਕਰ ਕਿਸੇ ਕਰਮਚਾਰੀ/ਅਧਿਕਾਰੀ ਦੀ ਦਿਆਨਤਦਾਰੀ ਸ਼ੱਕੀ ਹੈ ਤਾਂ ਸਪੱਸ਼ਟ ਤੌਰ ਤੇ ਇੰਦਰਾਜ ਕੀਤਾ ਜਾਵੇ।

ਅ) ਕਿਸੇ ਕਰਮਚਾਰੀ ਦੀ ਦਿਆਨਤਦਾਰੀ ਸ਼ੱਕੀ ਹੈ, ਤਾਂ ਉਸ ਦਾ ਖਾਨਾ ਖਾਲੀ ਛੱਡ ਕੇ ਹੇਠ ਲਿਖੇ ਅਨੁਸਾਰ ਕਾਰਵਾਈ ਕਰਨੀ ਚਾਹੀਦੀ ਹੈ :-

1) ਵੱਖਰੇ ਤੌਰ ਤੇ ਨੋਟ ਤਿਆਰ ਕੀਤਾ ਜਾਵੇ ਅਤੇ ਆਪਣੇ ਉਚ ਅਧਿਕਾਰੀ ਨੂੰ ਇਸ ਸਬੰਧੀ ਸਥਿਤੀ ਰਿਕਾਰਡ ਕਰਨ ਲਈ ਗੁਪਤ ਤੌਰ ਤੇ ਕਾਰਵਾਈ ਕੀਤੀ ਜਾਵੇ । ਉਸ ਦੇ ਕੰਮ ਆਦਿ ਨੂੰ ਮੁਲੰਕਣ ਕਰਦੇ ਹੋਏ ਉਸ ਦੀ ਦਿਆਨਤਦਾਰੀ ਬਾਰੇ ਰਿਪੋਰਟ ਤਿਆਰ ਕੀਤੀ ਜਾਵੇ।

2) ਜੇਕਰ ਉਸ ਦੀ ਉਕਤ ਰਿਪੋਰਟ ਦੇ ਆਧਾਰ ਤੇ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਕਰਮਚਾਰੀ/ਅਧਿਕਾਰੀ ਦੀ ਦਿਆਨਤਦਾਰੀ ਸ਼ੱਕੀ ਹੈ ਤਾਂ ਉਸ ਦੀ ਰਿਪੋਰਟ ਵਿੱਚ ਇੰਦਰਾਜ ਕੀਤਾ ਜਾਵੇ।

3) ਜੇਕਰ ਦਿਆਨਤਦਾਰੀ ਬਾਰੇ ਸ਼ੱਕ ਪੱਕਾ ਹੋ ਜਾਂਦਾ ਹੈ ਤਾਂ ਉਸ ਦੇ ਤੱਥ ਸਬੰਧਤ ਕਰਮਚਾਰੀ/ ਅਧਿਕਾਰੀ ਨੂੰ ਕੰਨਵੇ ਕੀਤੇ ਜਾਣੇ ਹਨ।

4) ਜੇਕਰ ਫਾਲੋ ਅੱਪ ਐਕਸ਼ਨ ਅਨੁਸਾਰ ਦਿਆਨਤਦਾਰੀ ਸ਼ੱਕ ਹੋਣ ਬਾਰੇ ਨਾ ਤਾਂ ਕਲੀਅਰ ਹੁੰਦਾ ਹੈ ਅਤੇ ਨਾ ਹੀ ਪੱਕਾ ਹੁੰਦਾ ਹੈ ਤਾਂ ਸਬੰਧਤ ਕਰਮਚਾਰੀ/ਅਧਿਕਾਰੀ ਦੇ ਕਾਰ-ਵਿਹਾਰ ਤੇ ਨਜ਼ਰ ਰੱਖੀ ਜਾਵੇ। ਰਿਪੋਰਟ ਪੱਕੀ ਹੋਣ ਤੇ ਉਕਤ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇ।

<u>ਨੋਟ :-</u>

ਦਿਆਨਤਦਾਰੀ ਕਿਸੇ ਕਰਮਚਾਰੀ/ਅਧਿਕਾਰੀ ਦੇ ਕੈਰੀਅਰ ਵਿੱਚ ਇੱਕ ਅਹਿਮ ਰੋਲ ਅਦਾ ਕਰਦੀ ਹੈ ਇਸ ਲਈ ਗੁਪਤ ਰਿਪੋਰਟ ਵਿੱਚ ਇਸ ਕਾਲਮ ਨੂੰ ਭਰਨ ਲੱਗੇ ਬਹੁਤ ਸਾਵਧਾਨੀ ਵਰਤਣੇ/ਧਿਆਨ ਰੱਖਣ ਦੀ ਲੋੜ ਹੈ। ਇਸ ਮੰਤਵ ਲਈ ਰਿਪੋਰਟ ਕਰਤਾ/ਰੀਵਿਊ ਕਰਤਾ/ਪ੍ਰਵਾਨ ਕਰਤਾ ਅਧਿਕਾਰੀ ਨੂੰ ਪੂਰੀ ਸਾਵਧਾਨੀ ਵਰਤਦੇ ਹੋਏ ਸਬੰਧਤ ਕਰਮਚਾਰੀ/ਅਧਿਕਾਰੀ ਦੇ ਕੰਮ-ਕਾਜ/ਚਾਲ ਚੱਲਣ ਅਤੇ ਉਸ ਦੇ ਕੀਤੇ ਜਾਣ ਵਾਲੇ ਕੰਮ ਨੂੰ ਹਰ ਪੱਖੋਂ ਵਾਚਣ/ਤੱਥਾਂ ਦੀ ਪੜਚੋਲ ਕਰਨ ਉਪਰੰਤ ਹੀ ਦਿਆਨਤਦਾਰੀ ਬਾਰੇ ਆਪਣੇ ਕਥਨ ਦਰਜ ਕਰਨ ਤਾਂ ਜੋ ਕਿਸੇ ਨਾਲ ਬੇਇੰਨਸਾਫੀ ਨਾ ਹੋਵੇ।

*******************